**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 22-09-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕਵਾਡ ਦੇਸ਼ ਹਿੰਦ-ਪ੍ਰਸ਼ਾਂਤ ਖੇਤਰ ਨੂੰ ਆਜ਼ਾਦ, ਖੁੱਲ੍ਹਾ, ਸਮਾਵੇਸ਼ੀ ਅਤੇ ਖੁਸ਼ਹਾਲ ਰੱਖਣ ਲਈ ਵਚਨਬੱਧ ਨੇ । ਅਮਰੀਕਾ ਦੇ ਡੇਲਾ-ਵੇਅਰ 'ਚ ਕਵਾਡ ਸ਼ਿਖਰ ਸੰਮੇਲਨ 'ਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਸਮਾਗਮ ਅਜਿਹੇ ਸਮੇਂ 'ਚ ਹੋ ਰਿਹਾ ਏ ਜਦੋਂ ਦੁਨੀਆ ਤਣਾਅ ਅਤੇ ਟਕਰਾਅ ਨਾਲ ਜੂਝ ਰਹੀ ਏ ਅਤੇ ਇਹ ਜ਼ਰੂਰੀ ਐ ਕਿ ਕਵਾਡ ਦੇਸ਼ ਸਾਂਝੀਆਂ ਲੋਕਤਾਂਤਰਿਕ ਕਦਰਾਂ-ਕੀਮਤਾਂ ਨੂੰ ਧਿਆਨ 'ਚ ਰੱਖਦੇ ਹੋਏ ਮਨੁੱਖਤਾ ਲਈ ਇਕਜੁੱਟ ਹੋ ਕੇ ਕੰਮ ਕਰਨ। ਉਨ੍ਹਾਂ ਕਿਹਾ ਕਿ ਕਵਾਡ ਦੇਸ਼ਾਂ ਨੇ ਸਾਂਝੇ ਤੌਰ 'ਤੇ ਵੱਖ-ਵੱਖ ਖੇਤਰਾਂ 'ਚ ਕਈ ਪਹਿਲਕਦਮੀਆਂ ਕੀਤੀਆਂ ਨੇ । BYTE

ਸ਼੍ਰੀ ਮੋਦੀ ਨੇ ਇਸ ਗੱਲ 'ਤੇ ਖੁਸ਼ੀ ਜ਼ਾਹਰ ਕੀਤੀ ਕਿ ਅਗਲੇ ਸਾਲ, ਕਵਾਡ ਸ਼ਿਖਰ ਸੰਮੇਲਨ ਭਾਰਤ ਵਿੱਚ ਕਰਵਾਇਆ ਜਾਵੇਗਾ।

------------------------------------------------------------

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਗੁਰਦਾਸਪੁਰ ਵਿਖੇ ਹਰਚੋਵਾਲ ਤੋਂ ਕਾਦੀਆਂ ਸੜਕ ਦਾ ਨੀਂਹ ਪੱਥਰ ਰੱਖਿਆ । ਏਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ ਅਮਰਪਾਲ ਸਿੰਘ ਤੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੀ ਮੌਜੂਦ ਰਹੇ । ਡਾ. ਚੱਬੇਵਾਲ ਨੇ ਕਿਹਾ ਕਿ ਸ੍ਰੀ ਹਰ-ਗੋਬਿੰਦਪੁਰ ਸਾਹਿਬ ਹਲਕੇ ਦੇ ਵਿਕਾਸ ਕਾਰਜਾਂ ਵਿਚ ਕੋਈ ਢਿੱਲ ਨਹੀਂ ਵਰਤੀ ਜਾਵੇਗੀ ਅਤੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਵਿਧਾਇਕ ਅਮਰਪਾਲ ਸਿੰਘ ਨੇ ਕਿਹਾ ਕਿ ਸਰਕਾਰ ਵਲੋਂ ਸਰਬਪੱਖੀ ਵਿਕਾਸ ਤੇਜ਼ ਗਤੀ ਨਾਲ ਕਰਵਾਏ ਜਾ ਰਹੇ ਨੇ ਤੇ ਲੋਕ ਭਲਾਈ ਯੋਜਨਾਵਾਂ ਨੂੰ ਵੀ ਹੇਠਲੇ ਪੱਧਰ ਤੇ ਲਾਗੂ ਕਰਨ ਨੂੰ ਯਕੀਨੀ ਬਣਾਇਆ ਗਿਆ ।

------------------------------------------------------------

ਸਮਾਜਿਕ ਸੁਰੱਖਿਆ, ਔਰਤ ਤੇ ਬਾਲ ਵਿਕਾਸ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ ਏ ਕਿ ਪੰਜਾਬ ਸਰਕਾਰ ਸੂਬੇ ਭਰ ਦੀਆਂ ਕੰਮਕਾਜੀ ਔਰਤਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦੇ ਹੋਏ ਮੁਹਾਲੀ ਵਿੱਚ ਇੱਕ ਆਧੁਨਿਕ ਵਰਕਿੰਗ ਵੂਮੈਨ ਹੋਸਟਲ ਦੀ ਉਸਾਰੀ ਸ਼ੁਰੂ ਕਰਨ ਜਾ ਰਹੀ ਏ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਰੁਜ਼ਗਾਰ ਦੇ ਮੌਕਿਆਂ ਦੀ ਭਾਲ ਵਿੱਚ ਮੋਹਾਲੀ ਅਤੇ ਚੰਡੀਗੜ੍ਹ ਆਉਣ ਵਾਲੀਆਂ ਔਰਤਾਂ ਨੂੰ ਕਿਫਾਇਤੀ ਅਤੇ ਸੁਰੱਖਿਅਤ ਰਿਹਾਇਸ਼ ਪ੍ਰਦਾਨ ਕਰੇਗੀ। ਡਾ ਬਲਜੀਤ ਕੌਰ ਨੇ ਕਿਹਾ ਕਿ ਹੋਸਟਲ ਮੁਹਾਲੀ ਦੇ ਸੈਕਟਰ 79 ਵਿੱਚ ਬਣਾਇਆ ਜਾਵੇਗਾ। ਵਿਭਾਗ, ਨੇ ਨਿਰਭਯਾ ਫੰਡ ਦੇ ਤਹਿਤ 12 ਕਰੋੜ 57 ਲੱਖ ਰੁਪਏ ਪ੍ਰਾਪਤ ਕੀਤੇ ਨੇ। ਇਸ ਤਜਵੀਜ਼ ਨੂੰ ਪਹਿਲਾਂ ਹੀ ਯੋਜਨਾ ਦੇ ਤਹਿਤ ਸਥਾਪਿਤ ਅਧਿਕਾਰਤ ਕਮੇਟੀ ਤੋਂ ਮਨਜ਼ੂਰੀ ਮਿਲ ਚੁੱਕੀ ਏ।

---------------------------------------------------------------------

ਜਲੰਧਰ ਸਥਿਤ ਡਾ: ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ (NIT) ਨੇ ਹਾਲ ਹੀ ਵਿੱਚ ਭਾਰਤ ਰਤਨ ਸਰ ਐਮ.

ਵਿਸ਼ਵੇਸ਼ਵਰਿਆ ਦੀ ਯਾਦ ਵਿੱਚ, ਪ੍ਰੇਰਣਾਦਾਇਕ ਪ੍ਰੋਗਰਾਮਾਂ ਅਤੇ ਗਤੀਵਿਧੀਆਂ ਨਾਲ ਇੰਜੀਨੀਅਰ ਦਿਵਸ 2024 ਮਨਾਇਆ । ਸਮਾਗਮ ਵਿੱਚ ਮੁੱਖ ਭਾਸ਼ਣ ਅਤੇ ਤਕਨੀਕੀ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ, ਜਿਸਦਾ ਉਦੇਸ਼ ਸਮਾਜ ਵਿੱਚ ਇੰਜੀਨੀਅਰਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਮਾਨਤਾ ਦੇਣਾ ਸੀ । ਇੰਜੀਨੀਅਰ ਦਿਵਸ ਦੇ ਨਾਲ-ਨਾਲ, NIT ਜਲੰਧਰ ਵਰਤਮਾਨ ਵਿੱਚ 18 ਸਤੰਬਰ ਤੋਂ ਇੱਕ ਪੰਜ-ਦਿਨਾ ਬੂਟਕੈਂਪ "ਡਰੋਨ 360: ਵਿਆਪਕ UAV ਤਕਨਾਲੋਜੀ ਅਤੇ ਐਪਲੀਕੇਸ਼ਨ ਬੂਟਕੈਂਪ" ਸ਼ੁਰੂ ਕੀਤਾ ਹੋਇਆ ਏ । ਇਹ ਬੂਟ ਕੈਂਪ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਦੀ ਪਹਿਲਕਦਮੀ ਅਤੇ ਮੁੱਖ ਜਾਂਚਕਰਤਾ ਪ੍ਰੋ. ਅਰੁਣ ਖੋਸਲਾ ਦੀ ਅਗਵਾਈ ਹੇਠ ਕਰਵਾਇਆ ਗਿਆ ਏ , ਜਿਸਦਾ ਉਦੇਸ਼ ਮਨੁੱਖ ਰਹਿਤ ਏਰੀਅਲ ਸਿਸਟਮ ਅਤੇ ਸੰਬੰਧਿਤ ਤਕਨਾਲੋਜੀਆਂ ਵਿੱਚ ਸਮਰੱਥਾ ਨਿਰਮਾਣ 'ਤੇ ਧਿਆਨ ਕੇਂਦਰਿਤ ਕਰਨਾ ਏ । ਇਸ ਮੌਕੇ 91 ਪੀ.ਐਚ.ਡੀ. ਵਿਦਿਆਰਥੀਆਂ ਨੇ ਪੋਸਟਰ ਪੇਸ਼ਕਾਰੀਆਂ ਰਾਹੀਂ ਆਪਣੇ ਖੋਜ ਕਾਰਜ ਦਾ ਪ੍ਰਦਰਸ਼ਨ ਕੀਤਾ ।

---

ਪੰਜਾਬ ਅਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਦੇ ਜੱਜ  ਐਨ.ਐਸ. ਸ਼ੇਖਾਵਤ ਨੇ  ਜ਼ਿਲ੍ਹਾ ਕਚਹਿਰੀਆਂ ਤਰਨਤਾਰਨ, ਸਬ ਡਿਵੀਜ਼ਨ ਖਡੂਰ ਸਾਹਿਬ, ਕੇਂਦਰੀ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ,  ਸਬ ਡੀਵੀਜ਼ਨ ਪੱਟੀ ਕੋਰਟ ਕੰਪਲੈਕਸ ਪੱਟੀ ਅਤੇ ਸਬ ਜੇਲ੍ਹ ਪੱਟੀ ਦਾ ਨਿਰੀਖਣ ਕੀਤਾ । ਉਨ੍ਹਾਂ ਜ਼ਿਲ੍ਹਾ ਕਚਿਹਰੀਆਂ ਤਰਨ ਤਾਰਨ ਵਿਖੇ ਬੈਂਕ ਆਫ਼ ਬੜੋਦਾ ਦਾ  ਅਤੇ ਸਬ ਜੇਲ੍ਹ ਪੱਟੀ ਵਿਖੇ ਨਵੀ ਬਣੀ ਡਿਸਪੈਂਸਰੀ ਦਾ ਵੀ ਉਦਘਾਟਨ ਕੀਤਾ । ਉਨ੍ਹਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਹਵਾਲਾਤੀਆਂ ਅਤੇ ਕੈਦੀਆਂ ਦੇ ਮੁਫ਼ਤ ਕਾਨੂੰਨੀ ਸੇਵਾਵਾਂ  ਵਿੱਚ ਫਾਰਮ ਭਰ ਕੇ ਵਕੀਲ ਮੁਹੱਈਆ ਕਰਵਾਉਣ ਅਤੇ ਜੇਲ੍ਹ ਸੁਪਰਡੰਟ ਨੂੰ  ਜੇਲ੍ਹ ਵਿੱਚ ਹਵਾਲਾਤੀਆਂ ਅਤੇ ਕੈਦੀਆਂ ਦੇ ਲਈ ਕਿਸੇ ਨਾ ਕਿਸੇ ਕੰਮ ਦਾ , ਖੇਡਣ ਅਤੇ ਪੜ੍ਹਾਈ ਦਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ।

---

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ,  ਦਮੋਰੀਆ ਪੁਲ ਨੇੜੇ ਬਰਫ਼ ਫੈਕਟਰੀ 'ਚ ਗੈਸ ਲੀਕ ਹੋਣ ਦੀ ਘਟਨਾ

ਦੀ ਮੈਜਿਸਟ੍ਰੇਟ ਜਾਂਚ ਦੇ ਹੁਕਮ ਦਿੱਤੇ ਨੇ। ਉਨ੍ਹਾਂ ਸਬ ਡਵੀਜ਼ਨਲ ਮੈਜਿਸਟ੍ਰੇਟ ਜਲੰਧਰ-1 ਨੂੰ ਇਸ ਘਟਨਾ ਦੇ ਕਾਰਨਾਂ ਅਤੇ ਜ਼ਿੰਮੇਵਾਰ ਵਿਅਕਤੀਆਂ ਬਾਰੇ, 15 ਦਿਨਾਂ ਦੇ ਅੰਦਰ ਵਿਸਥਾਰਤ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਨੇ। ਇਸ ਤੋਂ ਇਲਾਵਾ ਫੈਕਟਰੀ ਵਿਭਾਗ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਵਾਪਰਣ ਤੋਂ ਰੋਕਣ ਲਈ ਅਜਿਹੀਆਂ ਇਕਾਈਆਂ ਦਾ ਨਿਰੀਖਣ ਕਰਨ ਦੀਆਂ ਹਦਾਇਤਾਂ ਦਿੱਤੀਆਂ ਨੇ। ਡਿਪਟੀ ਕਮਿਸ਼ਨਰ ਨੇ ਜਾਂਚ ਅਧਿਕਾਰੀ ਨੂੰ ਅਮੋਨੀਆ ਗੈਸ ਲੀਕ ਦੇ ਕਾਰਨਾਂ ਦਾ ਪਤਾ ਲਗਾਉਣ, ਸੁਰੱਖਿਆ ਪ੍ਰੋਟੋਕੋਲ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਜਾਂ ਫੈਕਟਰੀ ਪ੍ਰਬੰਧਨ ਦੀ ਲਾਪਰਵਾਹੀ ਸਮੇਤ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ, ਧਿਰਾਂ, ਸੰਸਥਾ ਦੀ ਪਛਾਣ ਕਰਨ ਤੇ ਉਨ੍ਹਾਂ ਦੀ ਜ਼ਿੰਮੇਵਾਰੀ ਤੈਅ ਕਰਨ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਰੋਕਥਾਮ ਦੇ ਉਪਾਅ ਸੁਝਾਉਣ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਸਬੰਧਤ ਵਿਭਾਗਾਂ ਨੂੰ ਪ੍ਰਭਾਵਿਤ ਖੇਤਰ ਵਿੱਚ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਵੀ ਕਿਹਾ ਏ।